# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ : 30-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ -ਖੇਤੀਬਾੜੀ ਖੇਤਰ ਦੇ ਵਿਕਾਸ ਤੋਂ ਬਿਨਾਂ, ਵਿਕਸਤ ਭਾਰਤ ਦਾ ਸੁਪਨਾ ਸਾਕਾਰ ਨਹੀਂ ਹੋ ਸਕਦਾ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਸੰਬਧੀ ਅੱਜ 50 ਮੋਬਾਈਲ ਡਾਕੂਮੈਂਟਰੀ ਵੈਨਾਂ ਨੂੰ ਰਵਾਨਾ ਕੀਤਾ-ਸੰਗਰੂਰ ਵਿੱਚ ਓਲੰਪਿਕ ਪੱਧਰ ਦੇ ਸਵਿਮਿੰਗ ਪੂਲ ਦਾ ਉਦਘਾਟਨ ਵੀ ਕੀਤਾ।
- ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ, ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਅੱਜ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ।
- ਪੰਜਾਬ ਦੇ ਸਿਹਤ ਮੰਤਰੀ ਡਾ ਬਲਬੀਰ ਸਿੰਘ ਨੇ ਅੱਜ ਪਟਿਆਲਾ ਵਿਖੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਡਰੇਨੇਜ ਪ੍ਰਬੰਧਾਂ ਦਾ ਲਿਆ ਜਾਇਜ਼ਾ।

- ਮੌਸਮ ਵਿਭਾਗ ਨੇ ਕੱਲ ਪਹਿਲੀ ਤੋਂ 6 ਜੁਲਾਈ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਗਰਜ ਚਮਕ ਨਾਲ ਭਾਰੀ ਬਾਰਿਸ਼ ਅਤੇ ਤਾਪਮਾਨ ਵਿੱਚ ਗਿਰਾਵਟ ਦੀ ਪੇਸ਼ੀਨਗੋਈ ਕੀਤੀ ।

**ਹੁਣ ਖ਼ਬਰਾਂ ਵਿਸਥਾਰ ਨਾਲ |**

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਖੇਤੀਬਾੜੀ ਖੇਤਰ ਦੇ ਵਿਕਾਸ ਤੋਂ ਬਿਨਾਂ ਵਿਕਸਤ ਭਾਰਤ ਦਾ ਸੁਪਨਾ ਸਾਕਾਰ ਨਹੀਂ ਹੋ ਸਕਦਾ। ਅੱਜ ਹਰਿਆਣਾ ਦੇ ਰਿਵਾੜੀ ਜ਼ਿਲ੍ਹੇ ਵਿੱਚ 'ਖੇਤ ਬਚਾਓ ਅਭਿਆਨ' ਦੇ ਸਮਾਪਤੀ ਸਮਾਰੋਹ ਨੂੰ ਸੰਬੋਧਨ ਕਰਦਿਆਂ ਸ੍ਰੀ ਚੌਹਾਨ ਨੇ ਕਿਹਾ ਕਿ ਸਰਕਾਰ ਇੱਕ ਮੋਬਾਈਲ ਐਪ ਵਿਕਸਤ ਕਰਨ 'ਤੇ ਕੰਮ ਕਰ ਰਹੀ ਏ ਜੋ ਮਿੱਟੀ ਅਤੇ ਇਸ ਵਿੱਚ ਲੋੜੀਂਦੀ ਖਾਦ ਦੀ ਮਾਤਰਾ ਬਾਰੇ ਜਾਣਕਾਰੀ ਪ੍ਰਦਾਨ ਕਰੇਗੀ। ਉਨ੍ਹਾਂ ਕਿਸਾਨਾਂ ਨੂੰ ਮਿੱਟੀ ਦੀ ਪੈਦਾਵਾਰ ਬਣਾਈ ਰੱਖਣ ਲਈ ਆਪਣੇ ਖੇਤਾਂ ਵਿੱਚ ਸੰਤੁਲਿਤ ਢੰਗ ਨਾਲ ਖਾਦਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਕਰਨ ਦੀ ਅਪੀਲ ਕੀਤੀ।

BYTE

-----------------------------------------------------

ਸਿਹਤ ਮੰਤਰਾਲੇ ਨੇ ਸਾਰੇ ਕੇਂਦਰੀ ਸਰਕਾਰੀ ਵਿਭਾਗਾਂ ਅਤੇ ਸੰਸਥਾਵਾਂ ਨੂੰ ਆਵਾਰਾ ਕੁੱਤਿਆਂ ਦੇ ਹਮਲਿਆਂ ਸੰਬੰਧੀ ਸਰਵਉੱਚ ਅਦਾਲਤ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਨੂੰ ਅੱਜ ਤੋਂ ਯਕੀਨੀ ਬਣਾਉਣ ਦੇ ਨਿਰਦੇਸ਼

ਦਿੱਤੇ ਨੇ। ਸਾਰੇ ਸਬੰਧਤ ਵਿਭਾਗਾਂ ਨੂੰ ਇੱਕ ਨਿਰਧਾਰਤ ਸਮਾਂ-ਹੱਦ ਦੇ ਅੰਦਰ ਦਿਸ਼ਾ-ਨਿਰਦੇਸ਼ਾਂ ਨੂੰ ਲਾਗੂ ਕਰਨ ਲਈ ਕਿਹਾ ਗਿਆ ਏ। ਇਹ ਹੁਕਮ ਪਿਛਲੇ ਸਾਲ ਸਰਵਉੱਚ ਅਦਾਲਤ  ਦੇ ਫੈਸਲੇ ਤੋਂ ਬਾਅਦ ਜਾਰੀ ਕੀਤਾ ਗਿਆ ਸੀ। ਇਸਦਾ ਉਦੇਸ਼ ਜਨਤਕ ਥਾਵਾਂ ਨੂੰ ਖਾਸ ਕਰਕੇ ਬੱਚਿਆਂ ਅਤੇ ਮਰੀਜ਼ਾਂ ਲਈ।ਸੁਰੱਖਿਅਤ ਬਣਾਉਣਾ ਏ।

---------------------------------------------------

ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਪੂਰਵਕ ਮਨਾਉਣ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੰਗਰੂਰ ਤੋਂ 50 ਮੋਬਾਈਲ ਡਾਕੂਮੈਂਟਰੀ ਵੈਨਾਂ ਨੂੰ ਰਵਾਨਾ ਕੀਤਾ। ਇਹ ਵੈਨਾਂ ਗੁਰੂ ਜੀ ਦੇ ਬਰਾਬਰੀ, ਸਮਾਜਿਕ ਨਿਆਂ, ਸ਼ਰਧਾ ਅਤੇ ਵਿਸ਼ਵ-ਵਿਆਪੀ ਸਾਂਝੀਵਾਲਤਾ ਦੇ ਸਦੀਵੀ ਸੰਦੇਸ਼ ਨੂੰ ਸੂਬੇ ਦੇ ਕੋਨੇ-ਕੋਨੇ ਤੱਕ ਪਹੁੰਚਾਉਣਗੀਆਂ। ਇਸ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀ ਗਈ ਮੁਹਿੰਮ ਤਹਿਤ ਐਲ.ਈ.ਡੀ. ਨਾਲ ਲੈਸ ਮੋਬਾਈਲ ਵੈਨਾਂ ਰਾਹੀਂ ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਦੇ ਲਗਪਗ 13 ਹਜ਼ਾਰ ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫੇ ਅਤੇ ਪਵਿੱਤਰ ਸਿੱਖਿਆਵਾਂ 'ਤੇ ਆਧਾਰਤ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਜਾਵੇਗੀ। ਇਸ ਦਾ ਮਕਸਦ ਇਹ ਯਕੀਨੀ ਬਣਾਉਣਾ ਏ ਕਿ ਹਰ ਘਰ, ਖਾਸ ਕਰਕੇ ਨੌਜਵਾਨ ਪੀੜ੍ਹੀ, ਗੁਰੂ ਜੀ ਦੇ ਭੇਦਭਾਵ ਰਹਿਤ ਬਰਾਬਰੀ ਵਾਲੇ ਸਮਾਜ

ਦੀ ਸੇਧ ਤੋਂ ਪ੍ਰੇਰਿਤ ਹੋ ਸਕੇ। ਇਹ ਪਹਿਲਕਦਮੀ ਭਗਵੰਤ ਮਾਨ ਸਰਕਾਰ ਵੱਲੋਂ 650ਵੇਂ ਪ੍ਰਕਾਸ਼ ਪੁਰਬ ਲਈ ਉਲੀਕੇ ਗਏ ਸਾਲ ਭਰ ਦੇ ਪ੍ਰੋਗਰਾਮਾਂ ਦਾ ਅਹਿਮ ਹਿੱਸਾ ਏ ।

---------------------------------------------------

ਇਸੇ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੰਗਰੂਰ ਵਿਖੇ 9 ਕਰੋੜ 50 ਲਖ ਰੁਪਏ ਦੀ ਲਾਗਤ ਨਾਲ ਬਣੇ ਓਲੰਪਿਕ ਪੱਧਰ ਦੇ ਸਵਿਮਿੰਗ ਪੂਲ ਦਾ ਉਦਘਾਟਨ ਵੀ ਕੀਤਾ। ਪੰਜਾਬ ਨੂੰ ਭਾਰਤ ਦਾ ਖੇਡ ਧੁਰਾ ਬਣਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੰਗਰੂਰ ਜ਼ਿਲ੍ਹਾ ਏਸ਼ੀਅਨ, ਵਰਲਡ ਅਤੇ ਓਲੰਪਿਕ ਚੈਂਪੀਅਨਾਂ ਲਈ ਨਰਸਰੀ ਵਜੋਂ ਉਭਰੇਗਾ।

BYTE

---------------------------------------------------

ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਸਮੇਤ ਪ੍ਰਮੁੱਖ ਪੰਥਕ ਸ਼ਖ਼ਸੀਅਤਾਂ ਹਾਜ਼ਰ ਰਹੀਆਂ । ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ

ਜੱਥਿਆ ਨੇ ਗੁਰਬਾਣੀ ਕੀਰਤਨ ਕੀਤਾ। ਸਮਾਗਮ ਦੌਰਾਨ ਸ੍ਰੀ ਗੜਗੱਜ ਨੇ ਕਿਹਾ ਕਿ ਛੇਵੇਂ ਪਾਤਸ਼ਾਹ ਜੀ ਨੇ ਵਕਤ ਦੀ ਹਕੂਮਤ ਖਿਲਾਫ਼ ਚਾਰ ਯੁੱਧ ਲੜੇ ਅਤੇ ਜਿੱਤ ਪ੍ਰਾਪਤ ਕੀਤੀ। ਉਨ੍ਹਾਂ ਸੰਗਤਾਂ ਨੂੰ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ, ਗੁਰੂ ਸਾਹਿਬ ਜੀ ਦੇ ਉਪਦੇਸ਼ਾਂ ’ਤੇ ਚੱਲਣ ਦੀ ਪ੍ਰੇਰਣਾ ਕੀਤੀ। ਇਸ ਦੇ ਨਾਲ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਅਸਥਾਨ ਗੁਰੂਦੁਆਰਾ ਜਨਮ ਅਸਥਾਨ ਗੁਰੂ ਕੀ ਵਡਾਲੀ ਵਿਖੇ ਵੀ ਵਿਸ਼ੇਸ਼ ਸਮਾਗਮ ਕੀਤਾ ਗਿਆ। ਸੰਗਤਾਂ ਨੇ ਵੱਡੀ ਗਿਣਤੀ 'ਚ ਪਹੁੰਚ ਕੇ ਗੁਰੂ ਘਰ ਦਾ ਅਸ਼ੀਰਵਾਦ ਲਿਆ। ਇਸ ਵੇਲੇ ਅੰਮ੍ਰਿਤਸਰ ਸਥਿਤ ਸ੍ਰੀ ਦਰਬਾਰ ਸਾਹਿਬ ਵਿਖੇ ਅਤਿ ਸੁੰਦਰ ਦੀਪਮਾਲਾ ਤੇ ਆਤਿਸ਼ਬਾਜੀ ਕੀਤੀ ਜਾਵੇਗੀ ।

-----------------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਛੇਵੇਂ ਗੁਰੂ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ਼ੁਭਕਾਮਨਾਵਾਂ ਦਿੱਤੀਆਂ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਗ੍ਰਹਿ ਮੰਤਰੀ ਨੇ ਕਿਹਾ ਕਿ ਅਧਿਆਤਮਿਕ ਸ਼ਕਤੀ ਅਤੇ ਬਹਾਦਰੀ ਵਿਚਕਾਰ ਅਸਾਧਾਰਨ ਸਦਭਾਵਨਾ ਦਾ ਡੂੰਘਾ ਸੰਦੇਸ਼ ਦਿੰਦੇ ਹੋਏ, ਗੁਰੂ ਹਰਗੋਬਿੰਦ ਸਾਹਿਬ ਜੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਕੀਤੀ ਅਤੇ ਸਮਾਜ ਨੂੰ ਅਨਿਆਂ ਖਿਲਾਫ ਖੜ੍ਹੇ ਹੋਣ ਲਈ ਪ੍ਰੇਰਿਤ ਕੀਤਾ।

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ ਦੋ ਤਲਵਾਰਾਂ ਚੁੱਕ ਕੇ, ਗੁਰੂ ਸਾਹਿਬ ਜੀ ਨੇ ਦਿਖਾਇਆ ਕਿ ਅਧਿਆਤਮਿਕਤਾ ਦੇ ਨਾਲ-ਨਾਲ ਅਨਿਆਂ ਖਿਲਾਫ ਨਿਡਰ ਖੜ੍ਹੇ ਹੋਣਾ ਵਿਸ਼ਵਾਸ ਦਾ ਅਨਿੱਖੜਵਾਂ ਅੰਗ ਏ। ਮੰਤਰੀ ਨੇ ਕਿਹਾ ਕਿ ਸਿੱਖ ਗੁਰੂ ਨੇ ਧਰਮ ਦਾ ਪ੍ਰਚਾਰ ਕਰਨ ਲਈ ਵਿਆਪਕ ਯਾਤਰਾ ਕੀਤੀ ਅਤੇ ਸੱਚ, ਸੇਵਾ, ਹਿੰਮਤ ਅਤੇ ਮਨੁੱਖਤਾ ਦੀਆਂ ਕਦਰਾਂ-ਕੀਮਤਾਂ ਦਾ ਵਿਆਪਕ ਤੌਰ 'ਤੇ ਪ੍ਰਚਾਰ ਕੀਤਾ। ਏਧਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਵਧਾਈਆਂ ਦਿਤੀਆਂ ਨੇ ।

---------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਵਿਖੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਨਗਰ ਨਿਗਮ ਦੇ ਅਧਿਕਾਰੀਆਂ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮਿਲ ਕੇ ਸ਼ਹਿਰ ਦੇ ਡਰੇਨੇਜ ਸਿਸਟਮ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਵੱਡੀ ਨਦੀ, ਛੋਟੀ ਨਦੀ, ਮੁੱਖ ਡਰੇਨੇਜ ਅਤੇ ਬਰਸਾਤੀ ਪਾਣੀ ਦੀ ਨਿਕਾਸੀ ਨਾਲ ਸਬੰਧਤ ਵੱਖ-ਵੱਖ ਥਾਵਾਂ ਦਾ ਦੌਰਾ ਕਰਕੇ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਨਿਰੀਖਣ ਕੀਤਾ। ਸਿਹਤ ਮੰਤਰੀ ਨੇ ਸਬੰਧਤ ਅਧਿਕਾਰੀਆਂ ਤੋਂ ਚੱਲ ਰਹੇ ਪ੍ਰੋਜੈਕਟਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਪ੍ਰਾਪਤ ਕੀਤੀ ਅਤੇ ਕੰਮ ਦੀ ਗੁਣਵੱਤਾ ਅਤੇ ਸਮੇਂ ਸਿਰ ਮੁਕੰਮਲ ਕਰਨ ਸਬੰਧੀ ਲੋੜੀਂਦੇ ਨਿਰਦੇਸ਼ ਜਾਰੀ ਕੀਤੇ। ਉਨ੍ਹਾਂ

ਕਿਹਾ ਕਿ ਸਰਕਾਰ, ਪਟਿਆਲਾ ਨੂੰ ਬਰਸਾਤੀ ਪਾਣੀ ਦੀ ਸਮੱਸਿਆ ਤੋਂ ਸਥਾਈ ਰਾਹਤ ਦਿਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਦਿਸ਼ਾ ਵਿੱਚ ਯੋਜਨਾਬੱਧ ਢੰਗ ਨਾਲ ਕੰਮ ਕੀਤਾ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਬਰਸਾਤ ਦੇ ਮੌਸਮ ਦੌਰਾਨ ਪਟਿਆਲਾ ਦੇ ਕਈ ਇਲਾਕਿਆਂ ਵਿੱਚ ਪਾਣੀ ਭਰਨ ਦੀ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦਿਆਂ ਨਿਕਾਸੀ ਨਾਲਿਆਂ ਦੀ ਸਫ਼ਾਈ, ਡਰੇਨਾਂ ਦੀ ਸਮਰੱਥਾ ਵਧਾਉਣ, ਪਾਣੀ ਦੇ ਨਿਰਵਿਘਨ ਵਹਾਅ ਨੂੰ ਯਕੀਨੀ ਬਣਾਉਣ ਅਤੇ ਸੰਵੇਦਨਸ਼ੀਲ ਥਾਵਾਂ 'ਤੇ ਲੋੜੀਂਦੇ ਸੁਧਾਰ ਕਾਰਜ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ। ਸਿਹਤ ਮੰਤਰੀ ਨੇ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਏ ਕਿ ਭਵਿੱਖ ਵਿੱਚ ਭਾਰੀ ਬਰਸਾਤ ਦੌਰਾਨ ਕਿਸੇ ਵੀ ਨਾਗਰਿਕ ਨੂੰ ਪਾਣੀ ਭਰਨ ਕਾਰਨ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹਰ ਪ੍ਰੋਜੈਕਟ ਦੀ ਨਿਯਮਤ ਨਿਗਰਾਨੀ ਕੀਤੀ ਜਾਵੇ ਅਤੇ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਹਰ ਕੰਮ ਨਿਰਧਾਰਤ ਸਮੇਂ ਅੰਦਰ ਉੱਚ ਮਿਆਰ ਨਾਲ ਪੂਰਾ ਕੀਤਾ ਜਾਵੇ।

---------------------------------------------------------

ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਸਮਾਗਮਾਂ ’ਚ ਸ਼ਾਮਲ ਹੋਣ ਲਈ ਪਾਕਿਸਤਾਨ ਗਿਆ ਸ਼ਰਧਾਲੂਆਂ ਦਾ ਜਥਾ ਅੱਜ ਬਾਅਦ ਦੁਪਹਿਰ ਭਾਰਤ ਵਾਪਿਸ ਪਰਤ ਆਇਆ। ਸ਼੍ਰੋਮਣੀ ਕਮੇਟੀ ਦੇ

ਮੈਂਬਰ ਖੁਸ਼ਵਿੰਦਰ ਸਿੰਘ ਭਾਟੀਆ ਦੀ ਅਗਵਾਈ ਹੇਠਲੇ ਇਸ ਜੱਥੇ ਦਾ ਅਟਾਰੀ-ਵਾਘਾ ਸਰਹੱਦ ਰਾਹੀਂ ਭਾਰਤ ਪਹੁੰਚਣ ਤੇ ਸ਼੍ਰੋਮਣੀ ਕਮੇਟੀ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਜਥਾ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਲਾਹੌਰ ਵਿਖੇ ਬੀਤੇ ਕੱਲ ਮਹਾਰਾਜਾ ਰਣਜੀਤ ਸਿੰਘ ਦੇ ਬਰਸੀ ਸਮਾਗਮਾਂ ਵਿਚ ਸ਼ਾਮਲ ਹੋਇਆ। ਇਸ ਤੋਂ ਪਹਿਲਾਂ ਜਥੇ ਦੇ ਸ਼ਰਧਾਲੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ, ਗੁਰਦੁਆਰਾ ਸੱਚਾ ਸੌਦਾ ਸਾਹਿਬ ਮੰਡੀ ਚੂਹੜ-ਕਾਣਾ ਸ਼ੇਖੂਪੁਰਾ, ਗੁਰਦੁਆਰਾ ਸ੍ਰੀ ਪੰਜਾ ਸਾਹਿਬ ਸਮੇਤ ਹੋਰਨਾਂ ਗੁਰ-ਅਸਥਾਨਾਂ ਦੇ ਦਰਸ਼ਨ ਦੀਦਾਰੇ ਕੀਤੇ। ਸ਼ਰਧਾਲੂਆਂ ਨੇ ਗੁਰਧਾਮਾਂ ਦੇ ਦਰਸ਼ਨਾਂ ਦਾ ਮੌਕਾ ਮਿਲਣ 'ਤੇ ਖੁਸ਼ੀਪ੍ਰਗਟਾਏ।

---------------------------------------------------

3 ਜੁਲਾਈ ਤੋਂ ਸ਼ੁਰੂ ਹੋਣ ਵਾਲੀ 57 ਦਿਨਾਂ ਸ੍ਰੀ ਅਮਰਨਾਥ ਜੀ ਯਾਤਰਾ ਲਈ, ਜੰਮੂ-ਕਸ਼ਮੀਰ ਅਤੇ ਪੰਜਾਬ ਵਿੱਚ ਸੁਰੱਖਿਆ ਪ੍ਰਬੰਧ ਸਖ਼ਤ ਕਰ ਦਿੱਤੇ ਗਏ ਨੇ। ਤੀਰਥ ਯਾਤਰਾ ਦੇ ਰਾਹ, ਬੇਸ ਕੈਂਪਾਂ ਅਤੇ ਪਵਿੱਤਰ ਗੁਫਾ ਵੱਲ ਜਾਣ ਵਾਲੇ ਦੋਵਾਂ ਰਸਤਿਆਂ 'ਤੇ ਵਿਆਪਕ ਇੰਤਜ਼ਾਮ ਕੀਤੇ ਗਏ ਨੇ। ਸ਼ਰਧਾਲੂਆਂ ਦੇ ਪਹਿਲੇ ਜਥੇ, ਜੰਮੂ ਪਹੁੰਚਣੇ ਸ਼ੁਰੂ ਹੋ ਗਏ ਨੇ। ਜੰਮੂ ਵਿੱਚ ਸੀ.ਸੀ.ਟੀ.ਵੀ ਕੈਮਰੇ ਅਤੇ ਆਧੁਨਿਕ ਨਿਗਰਾਨੀ ਪ੍ਰਣਾਲੀਆਂ ਨੂੰ ਸਰਗਰਮ ਕਰ ਦਿੱਤਾ ਗਿਆ ਏ। ਸੁਰੱਖਿਆ ਏਜੰਸੀਆਂ ਨੇ ਤਿਆਰੀਆਂ ਦਾ ਜਾਇਜ਼ਾ ਲੈਣ ਲਈ, ਇੱਕ ਮੌਕ ਡ੍ਰਿਲ ਵੀ ਕੀਤੀ ਏ। ਪ੍ਰਥਮ ਪੂਜਾ ਦੇ

ਮੌਕੇ 'ਤੇ, ਭਾਰਤ-ਤਿੱਬਤ ਸਰਹੱਦੀ ਪੁਲਿਸ ਦੇ ਇੰਸਪੈਕਟਰ ਜਨਰਲ ਡਾ. ਅਕੁਨ ਸੱਭਰਵਾਲ ਨੇ ਪਵਿੱਤਰ ਗੁਫਾ ਅਤੇ ਬਰਾਰੀ ਗੁਰ ਮਾਰਗ ਡਾਕਟਰੀ ਸਹਾਇਤਾ ਕੇਂਦਰਾਂ ਦਾ ਉਦਘਾਟਨ ਕੀਤਾ। 'ਤੇ ਸੁਰੱਖਿਆ ਏਜੰਸੀਆਂ ਨੇ ਸ਼ਰਧਾਲੂਆਂ ਨੂੰ ਨਿਰਧਾਰਤ ਰਾਹ ਦੀ ਪਾਲਣਾ ਕਰਨ ਅਤੇ ਸੁਰੱਖਿਆ ਬਲਾਂ ਦੇ ਨਿਰਦੇਸ਼ਾਂ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ ਏ।

-------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਸਰਹੱਦ ਪਾਰੋਂ ਅੰਤਰ-ਰਾਸ਼ਟਰੀ ਹਥਿਆਰ ਤਸਕਰੀ ਰੈਕੇਟ ਦਾ ਪਰਦਾਫਾਸ਼ ਕਰਦਿਆਂ ਚਾਰ ਮੁਲਜ਼ਮਾਂ ਨੂੰ  ਚਾਰ ਪਿਸਤੌਲਾਂ ਅਤੇ ਪੰਜ ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਏ ਜਦਕਿ ਦੋ ਹੋਰ ਮੁਲਜ਼ਮਾਂ ਦੀ ਭਾਲ ਜਾਰੀ ਏ। ਕੰਉ ਤੇ ਵਿਵਸਥਾ ਬਾਰੇ  ਡੀ.ਸੀ.ਪੀ. ਆਲਮ ਵਿਜੈ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਗਸ਼ਤ ਦੌਰਾਨ ਇੱਕ ਬਿਨਾਂ ਨੰਬਰ ਵਾਲੇ ਮੋਟਰਸਾਈਕਲ 'ਤੇ ਸਵਾਰ ਦੋ ਨੌਜਵਾਨਾਂ ਗੁਰਸੇਵਕ ਸਿੰਘ ਅਤੇ ਨਿਰਵੈਲ ਸਿੰਘ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ। ਤਲਾਸ਼ੀ ਦੌਰਾਨ  ਇਹ ਬਰਾਮਦਗੀ ਹੋਈ। ਪੁੱਛਗਿੱਛ ਦੌਰਾਨ ਸਾਹਮਣੇ ਆਇਆ ਕਿ ਦੋਵੇਂ ਮੁਲਜ਼ਮ ਪਹਿਲਾਂ ਵੀ ਥਾਣਾ ਛੇਹਰਟਾ ਵਿੱਚ ਦਰਜ ਇੱਕ ਗੋਲੀਬਾਰੀ ਮਾਮਲੇ ਵਿੱਚ ਨਾਮਜ਼ਦ ਨੇ।  ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਏ।

-------------------------------------------------------

ਚੋਣ  ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੱਲ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ -SIR ਤਹਿਤ ਜ਼ਿਲ੍ਹਾ ਰੂਪਨਗਰ ਵਿਖੇ ਤਿੰਨੇ ਵਿਧਾਨ ਸਭਾ ਹਲਕਿਆਂ ਵਿੱਚ ਵੋਟਰਾਂ ਨੂੰ 100 ਫੀਸਦੀ ਗਣਨਾ ਫਾਰਮਾਂ ਦੀ ਵੰਡ ਕੀਤੀ ਜਾ ਚੁੱਕੀ ਏ। ਜ਼ਿਲ੍ਹਾ ਚੋਣ ਅਫ਼ਸਰ ਅਦਿੱਤਿਆ ਡੇਚਲਵਾਲ ਨੇ ਦੱਸਿਆ ਕਿ 696 ਬੀ.ਐੱਲ.ਓਜ਼ ਆਪਣੀ ਇਸ ਜ਼ਿੰਮੇਵਾਰੀ ਨੂੰ ਪੂਰੀ ਮਿਹਨਤ ਨਾਲ ਨਿਭਾਅ ਰਹੇ ਨੇ। ਘਰ-ਘਰ ਜਾ ਕੇ ਵੋਟਰਾਂ ਨੂੰ ਗਣਨਾ ਫਾਰਮ ਦੇਣ ਅਤੇ ਫਾਰਮ ਨੂੰ ਭਰਵਾਉਣ ਦੀ ਇਹ ਮੁਹਿੰਮ 24 ਜੁਲਾਈ ਤੱਕ ਜਾਰੀ ਰਹੇਗੀ । ਉਨ੍ਹਾਂ ਨੇ ਜ਼ਿਲ੍ਹਾ ਰੂਪਨਗਰ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਖੇਤਰ ਦੇ ਬੀ.ਐੱਲ.ਓਜ਼ ਬਾਰੇ ਜਾਣਕਾਰੀ ਹਾਸਲ ਕਰਨ ਅਤੇ ਉਨ੍ਹਾਂ ਨਾਲ ਰਾਬਤਾ ਕਾਇਮ ਕਰਕੇ ਫਾਰਮ ਭਰਨ ਦੀ ਪ੍ਰਕਿਰਿਆ ਨੂੰ ਤਰਜੀਹ ਦੇ ਅਧਾਰ ਉੱਤੇ ਮੁਕੰਮਲ ਕਰਨ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਵੱਲੋਂ ਵੀ ਇਸ

-------------------------------------------------

ਪਠਾਨਕੋਟ ਜ਼ਿਲਾ ਪ੍ਰਸ਼ਾਸ਼ਨ ਵਲੋਂ ਅੱਜ ਪ੍ਰਧਾਨ ਮੰਤਰੀ ਸਵਾਨਿਧੀ ਯੋਜਨਾ ਤਹਿਤ ਇਕ ਪ੍ਰੋਗਰਾਮ ਕਰਵਾਇਆ ਗਿਆ  । ਇਸ ਵਿਸ਼ੇਸ਼ ਸਮਾਗਮ ਵਿੱਚ ਲਗਭਗ 65 ਸਥਾਨਕ ਲਾਭਪਾਤਰੀਆਂ, ਰੇਹੜੀ ਗੜੀ ਵਾਲਿਆਂ  ਨੇ ਹਿੱਸਾ ਲਿਆ। ਬੈਂਕ ਅਧਿਕਾਰੀਆਂ ਨੇ ਯੋਗ ਲਾਭਪਾਤਰੀਆਂ

ਨੂੰ ਤੀਜੀ ਕਿਸ਼ਤ ਤੋਂ ਬਾਅਦ ਕ੍ਰੈਡਿਟ ਕਾਰਡ ਲਈ ਅਰਜ਼ੀ ਦੇਣ ਦੀ ਪ੍ਰਕਿਰਿਆ ਬਾਰੇ ਵੀ ਦੱਸਿਆ।

---------------------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਕੱਲ੍ਹ ਤੋਂ 6 ਜੁਲਾਈ ਤੱਕ ਤੇਜ਼ ਹਵਾਵਾਂ ਦੇ ਨਾਲ ਭਾਰੀ ਮੀਂਹ ਪੈਣ ਦੀ ਸੰਭਾਵਨਾ ਜਤਾਈ ਏ, ਜਿਸ ਨਾਲ ਤਾਪਮਾਨ ਤੋਂ ਰਾਹਤ ਮਿਲਣ ਦੀ ਉਮੀਦ ਏ । ਚੰਡੀਗੜ੍ਹ ਸਥਿਤ ਮੌਸਮ ਵਿਭਾਗ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਦੋਵਾਂ ਵਿੱਚ ਕੁਝ ਥਾਵਾਂ 'ਤੇ ਭਾਰੀ ਮੀਂਹ ਲਈ ਯੈਲੋ ਅਲਰਟ ਜਾਰੀ ਕੀਤਾ ਏ । ਪੇਸ਼ੀਨਗੋਈ ਕੀਤੀ ਗਈ ਬਾਰਿਸ਼ ਝੋਨੇ ਦੀ ਵਾਢੀ ਕਰ ਚੁਕੇ ਕਿਸਾਨਾਂ ਦੀ ਮਦਦ ਕਰੇਗੀ  ਸਗੋਂ ਪੰਜਾਬ ਵਿੱਚ ਬਿਜਲੀ ਸੰਕਟ ਨੂੰ ਘਟਾਉਣ ਵਿੱਚ ਵੀ ਮਦਦ ਕਰੇਗੀ। ਵਿਭਾਗ ਨੇ ਅੱਜ ਵੀ ਪੰਜਾਬ ਵਿੱਚ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਅਤੇ ਹਰਿਆਣਾ ਵਿੱਚ ਗਰਮੀ ਰਹਿਣ ਦੀ ਸੰਭਾਵਨਾ ਜਤਾਈ ਏ । ਇਸ ਦੌਰਾਨ ਪਿਛਲੇ 24 ਘੰਟਿਆਂ ਦੌਰਾਨ ਪੰਜਾਬ ਵਿੱਚ ਘੱਟ ਤੋਂ ਘਟ ਤਾਪਮਾਨ 26.7 ਡਿਗਰੀ ਸੈਲਸੀਅਸ ਪਠਾਨਕੋਟ ਚ ਦਰਜ ਕੀਤਾ ਗਿਆ, ਬਠਿੰਡਾ 44.4 ਡਿਗਰੀ ਸੈਲਸੀਅਸ ਨਾਲ ਸਭ ਤੋਂ ਗਰਮ ਸ਼ਹਿਰ ਰਿਹਾ ਜਦਕਿ ਹਰਿਆਣਾ ਦੇ ਰੋਹਤਕ ਵਿੱਚ ਵੱਧ ਤੋਂ ਵੱਧ ਤਾਪਮਾਨ 43.5 ਡਿਗਰੀ ਸੈਲਸੀਅਸ  ਦਰਜ ਕੀਤਾ ਗਿਆ। ਚੰਡੀਗੜ੍ਹ ਵਿੱਚ ਵੱਧ ਤੋਂ ਵੱਧ ਤਾਪਮਾਨ 36  ਡਿਗਰੀ ਸੈਲਸੀਅਸ ਰਿਹਾ ।

---------------------------------------------------

- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ -ਖੇਤੀਬਾੜੀ ਖੇਤਰ ਦੇ ਵਿਕਾਸ ਤੋਂ ਬਿਨਾਂ, ਵਿਕਸਤ ਭਾਰਤ ਦਾ ਸੁਪਨਾ ਸਾਕਾਰ ਨਹੀਂ ਹੋ ਸਕਦਾ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਸੰਬਧੀ ਅੱਜ 50 ਮੋਬਾਈਲ ਡਾਕੂਮੈਂਟਰੀ ਵੈਨਾਂ ਨੂੰ ਰਵਾਨਾ ਕੀਤਾ-ਸੰਗਰੂਰ ਵਿੱਚ ਓਲੰਪਿਕ ਪੱਧਰ ਦੇ ਸਵਿਮਿੰਗ ਪੂਲ ਦਾ ਉਦਘਾਟਨ ਵੀ ਕੀਤਾ।
- ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ, ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਅੱਜ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ।
- ਪੰਜਾਬ ਦੇ ਸਿਹਤ ਮੰਤਰੀ ਡਾ ਬਲਬੀਰ ਸਿੰਘ ਨੇ ਅੱਜ ਪਟਿਆਲਾ ਵਿਖੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਡਰੇਨੇਜ ਪ੍ਰਬੰਧਾਂ ਦਾ ਲਿਆ ਜਾਇਜ਼ਾ।
- ਮੌਸਮ ਵਿਭਾਗ ਨੇ ਕੱਲ ਪਹਿਲੀ ਤੋਂ 6 ਜੁਲਾਈ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਗਰਜ ਚਮਕ ਨਾਲ ਭਾਰੀ ਬਾਰਿਸ਼ ਅਤੇ ਤਾਪਮਾਨ ਵਿੱਚ ਗਿਰਾਵਟ ਦੀ ਪੇਸ਼ੀਨਗੋਈ ਕੀਤੀ ।

---------------------------------------------------